# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :02-02-2026**

ਸਰਕਾਰ ਨੇ ਕਿਹਾ ਏ ਕਿ ਦੇਸ਼ ਭਰ ਵਿੱਚ ਕਸਤੂਰਬਾ ਗਾਂਧੀ ਬਾਲਿਕਾ ਵਿਦਿਆਲਿਆ ਵਿੱਚ ਇਸ ਸਮੇਂ ਸੱਤ ਲੱਖ ਤੋਂ ਵੱਧ ਕੁੜੀਆਂ ਦਾਖਲ ਨੇ। ਅੱਜ ਲੋਕ ਸਭਾ ਵਿੱਚ ਪੂਰਕ ਸਵਾਲਾਂ ਦਾ ਜਵਾਬ ਦਿੰਦੇ ਹੋਏ, ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੇ ਕਿਹਾ, ਇਨ੍ਹਾਂ ਵਿੱਚੋਂ 2 ਲੱਖ ਤੋਂ ਵੱਧ ਕੁੜੀਆਂ ਅਨੁਸੂਚਿਤ ਜਾਤੀਆਂ, ਇੱਕ ਲੱਖ 77 ਹਜ਼ਾਰ ਪਛੜੀਆਂ ਸ਼੍ਰੇਣੀਆਂ ਅਤੇ ਦੋ ਲੱਖ 64 ਹਜ਼ਾਰ ਹੋਰ ਪੱਛੜੇ ਵਰਗਾਂ ਦੀਆਂ ਨੇ। ਕਸਤੂਰਬਾ ਗਾਂਧੀ ਬਾਲਿਕਾ ਵਿਦਿਆਲਿਆ ਯੋਜਨਾ ਜੁਲਾਈ 2004 ਵਿੱਚ ਸ਼ੁਰੂ ਕੀਤੀ ਗਈ ਸੀ, ਜਿਸ ਵਿੱਚ ਇਨ੍ਹਾਂ ਭਾਈਚਾਰਿਆਂ ਦੀਆਂ ਕੁੜੀਆਂ ਲਈ ਪ੍ਰਾਇਮਰੀ ਪੱਧਰ 'ਤੇ ਰਿਹਾਇਸ਼ੀ ਸਕੂਲ ਸਥਾਪਤ ਕੀਤੇ ਗਏ ਸਨ। ਉਨ੍ਹਾਂ ਕਿਹਾ, ਕਸਤੂਰਬਾ ਗਾਂਧੀ ਬਾਲਿਕਾ ਵਿਦਿਆਲਿਆ ਦੀ ਸਥਾਪਨਾ ਦਾ ਉਦੇਸ਼, ਰਿਹਾਇਸ਼ੀ ਸਕੂਲ ਸਥਾਪਤ ਕਰਕੇ ਪਛੜੇ

ਭਾਈਚਾਰਿਆਂ ਦੀਆਂ ਕੁੜੀਆਂ ਤੱਕ ਪਹੁੰਚ ਅਤੇ ਗੁਣਵੱਤਾ ਵਾਲੀ ਸਿੱਖਿਆ ਨੂੰ ਯਕੀਨੀ ਬਣਾਉਣਾ ਏ। ਮੰਤਰੀ ਨੇ ਇਹ ਵੀ ਦੱਸਿਆ ਕਿ ਸਕੂਲਾਂ ਵਿੱਚ ਲੜਕੀਆਂ ਦਾ ਕੁੱਲ ਦਾਖਲਾ ਅਨੁਪਾਤ ਵੀ ਵਧਿਆ ਏ ਜੋ ਕਿ ਇੱਕ ਚੰਗਾ ਸੰਕੇਤ ਏ। ਉਨ੍ਹਾਂ ਕਿਹਾ, ਸਰਕਾਰ, ਭਾਈਚਾਰਿਆਂ ਵਿੱਚ ਸਿੱਖਿਆ ਨੂੰ ਉਤਸ਼ਾਹਿਤ ਕਰਨ ਅਤੇ ਉਨ੍ਹਾਂ ਨੂੰ ਸਸ਼ਕਤ ਬਣਾਉਣ ਲਈ ਵਚਨਬੱਧ ਏ। ਸ਼੍ਰੀ ਪ੍ਰਧਾਨ ਨੇ ਕਿਹਾ, ਕੇਂਦਰੀ ਬਜਟ 2026-27 ਵਿੱਚ ਸਰਕਾਰ ਨੇ, ਦੇਸ਼ ਦੇ ਹਰ ਜ਼ਿਲ੍ਹੇ ਵਿੱਚ ਭਾਈਚਾਰਿਆਂ ਦੇ ਹੋਸਟਲ ਸਥਾਪਤ ਕਰਨ ਦਾ ਵੀ ਐਲਾਨ ਕੀਤਾ ਏ।

---

ਅੰਮ੍ਰਿਤਸਰ ਵਿਖੇ ਅੱਜ ਪੰਜਾਬੀ ਮਾਂ ਬੋਲੀ ਦੇ ਪ੍ਰਚਾਰ ਅਤੇ ਪ੍ਰਸਾਰ ਨੂੰ ਸਮਰਪਿਤ 'ਵਿਸ਼ਵ ਪੰਜਾਬੀ ਭਵਨ' ਦਾ ਰਸਮੀ ਉਦਘਾਟਨ ਕੀਤਾ ਗਿਆ। ਇਸ ਮੌਕੇ ਵਿਸ਼ਵ ਪੰਜਾਬੀ ਸਭਾ ਦੇ ਚੇਅਰਮੈਨ ਡਾ. ਦਲਬੀਰ ਸਿੰਘ ਕਥੂਰੀਆ ਦੀ ਸਰਪ੍ਰਸਤੀ ਹੇਠ ਕਰਵਾਏ ਗਏ ਸਮਾਗਮ ਵਿੱਚ ਪੰਜਾਬੀ ਸੱਭਿਆਚਾਰ, ਸੰਗੀਤ ਅਤੇ ਸਿਨੇਮਾ ਜਗਤ ਦੀਆਂ ਪ੍ਰਮੁੱਖ ਹਸਤੀਆਂ ਨੇ ਸ਼ਿਰਕਤ ਕੀਤੀ। ਇਸ ਭਵਨ ਦਾ ਮਕਸਦ ਪੰਜਾਬੀ ਭਾਸ਼ਾ ਨੂੰ ਵਿਸ਼ਵ ਪੱਧਰ 'ਤੇ ਪ੍ਰਫੁੱਲਤ ਕਰਨਾ ਅਤੇ ਆਉਣ ਵਾਲੀ ਨਵੀਂ ਪੀੜ੍ਹੀ

ਨੂੰ ਆਪਣੇ ਅਮੀਰ ਵਿਰਸੇ ਨਾਲ ਜੋੜਨਾ ਏ। ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਉੱਘੇ ਸੂਫ਼ੀ ਗਾਇਕ ਪੂਰਨ ਸ਼ਾਹ ਵਡਾਲੀ ਨੇ ਭਵਨ ਦੇ ਉਦਘਾਟਨ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਇਤਿਹਾਸ ਵਿੱਚ ਸਦਾ ਯਾਦ ਰੱਖੇ ਜਾਂਦੇ ਨੇ। ਪੰਜਾਬੀ ਅਦਾਕਾਰ ਗੁਰਪ੍ਰੀਤ ਘੁੱਗੀ ਨੇ ਭਵਨ ਦੀ ਮਹੱਤਤਾ ਬਾਰੇ ਬੋਲਦਿਆਂ ਕਿਹਾ ਕਿ ਸਾਡੀ ਪੰਜਾਬੀ ਬੋਲੀ ਦੇ ਜਿੰਨੇ ਜ਼ਿਆਦਾ ਘਰ ਹੋਣਗੇ, ਉਨੀ ਹੀ ਸਾਡੀ ਛੱਤ ਮਜ਼ਬੂਤ ਹੋਵੇਗੀ। ਵਿਸ਼ਵ ਪੰਜਾਬੀ ਸਭਾ ਦੇ ਮੁਖੀ ਡਾ. ਦਲਬੀਰ ਸਿੰਘ ਕਥੂਰੀਆ ਨੇ ਦੱਸਿਆ ਕਿ ਕੈਨੇਡਾ ਅਤੇ ਲਾਹੌਰ ਤੋਂ ਬਾਅਦ ਇਹ ਤੀਜਾ ਵਿਸ਼ਵ ਪੰਜਾਬੀ ਭਵਨ, ਅੰਮ੍ਰਿਤਸਰ ਵਿੱਚ ਖੋਲ੍ਹਿਆ ਗਿਆ ਏ। ਉਨ੍ਹਾਂ ਇਸ ਭਵਨ ਦੀਆਂ ਵਿਸ਼ੇਸ਼ਤਾਵਾਂ ਬਾਰੇ ਦੱਸਦਿਆਂ ਕਿਹਾ ਕਿ ਇਹ ਭਵਨ ਪੰਜਾਬੀ ਮਾਂ ਬੋਲੀ ਦੇ ਪ੍ਰਚਾਰ ਲਈ ਕਵੀ ਦਰਬਾਰ, ਸਾਹਿਤਕ ਮੀਟਿੰਗਾਂ ਅਤੇ ਸਮਾਗਮਾਂ ਵਾਸਤੇ ਬਿਲਕੁਲ ਮੁਫ਼ਤ ਮੁਹੱਈਆ ਕਰਵਾਇਆ ਜਾਵੇਗਾ। ਬਾਹਰੋਂ ਆਉਣ ਵਾਲੇ ਕਵੀਆਂ ਅਤੇ ਸਾਹਿਤਕਾਰਾਂ ਲਈ ਰਹਿਣ ਵਾਸਤੇ ਕਮਰਿਆਂ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਏ। ਆਉਣ ਵਾਲੇ ਸਮੇਂ ਵਿੱਚ ਇੱਥੇ ਬਾਲ ਸਾਹਿਤ ਅਤੇ ਬਾਲ ਕਵੀ ਦਰਬਾਰ

ਕਰਵਾਏ ਜਾਣਗੇ ਤਾਂ ਜੋ ਛੋਟੇ ਬੱਚੇ ਸ਼ੁਰੂ ਤੋਂ ਹੀ ਪੰਜਾਬੀ ਨਾਲ ਜੁੜ ਸਕਣ।

------------------------------------------------------------------

ਗੁਰਦਾਸਪੁਰ ਦੇ ਮੈਰੀਟੋਰੀਅਸ ਸਕੂਲ ਵਿੱਚ ਬੀਤੀ ਰਾਤ ਖਾਣਾ ਖਾਣ ਤੋਂ ਬਾਅਦ ਅਚਾਨਕ ਵਿਦਿਆਰਥੀਆਂ ਦੀ ਸਿਹਤ ਵਿਗੜਨੀ ਸ਼ੁਰੂ ਹੋ ਗਈ । ਕਈ ਵਿਦਿਆਰਥੀਆਂ ਨੂੰ ਉਲਟੀਆਂ ਅਤੇ ਕੁਝ ਬੇਹੋਸ਼ ਹੋਣੇ ਸ਼ੁਰੂ ਹੋ ਗਏ, ਜਿਸ ਤੋਂ ਬਾਅਦ ਤੁਰੰਤ ਵਿਦਿਆਰਥੀਆਂ ਨੂੰ ਜ਼ਿਲੇ ਦੇ ਸਰਕਾਰੀ ਹਸਪਤਾਲ ਵਿਖੇ ਇਲਾਜ ਲਈ ਦਾਖਲ ਕਰਵਾਇਆ ਗਿਆ । ਡਾਕਟਰ ਕ੍ਰਿਤੀ ਨੇ ਦਸਿਆ ਕਿ ਵਿਦਿਆਰਥੀਆਂ ਦੀ ਸਿਹਤ ਫੂਡ ਪੋਇਜ਼ਨਿੰਗ ਕਰਕੇ ਵਿਗੜੀ ਏ । ਫਿਲਹਾਲ ਸਾਰੇ ਵਿਦਿਆਰਥੀ ਖਤਰੇ ਤੋਂ ਬਾਹਰ ਨੇ ਅਤੇ ਉਨ੍ਹਾਂ ਨੂੰ ਘਰ ਭੇਜ ਦਿੱਤਾ ਗਿਆ ਏ । ਬੱਚਿਆਂ ਦੇ ਮਾਤਾ ਪਿਤਾ ਦਾ ਕਹਿਣਾ ਏ ਕਿ ਸਕੂਲ ਵੱਲੋਂ ਸਹੀ ਖਾਣਾ ਨਾ ਦੇਣ ਤੇ ਉਨ੍ਹਾਂ ਪਹਿਲਾਂ ਵੀ ਕਈ ਵਾਰ ਸ਼ਿਕਾਇਤ ਕੀਤੀ ਪਰ ਕੋਈ ਸੁਧਾਰ ਨਹੀਂ ਕੀਤਾ ਗਿਆ । ਉਹਨਾਂ ਕਿਹਾ ਕਿ ਬੱਚਿਆਂ ਨੂੰ ਸਕੂਲ ਵਿੱਚ ਸਹੀ ਖਾਣਾ ਦਿੱਤਾ ਜਾਵੇ। ਇਹ ਸਾਰੇ ਬੱਚੇ ਸਕੂਲ ਦੇ ਬਣੇ ਹੋਸਟਲ ਵਿੱਚ ਹੀ ਰਹਿੰਦੇ ਹਨ ਅਤੇ ਉਥੋਂ ਹੀ ਖਾਣਾ ਖਾਂਦੇ ਨੇ ।

ਇਸ ਸਬੰਧ ਵਿੱਚ ਸਕੂਲ ਦੇ ਪ੍ਰਿੰਸੀਪਲ ਰਾਜੀਵ ਮਹਾਜਨ ਨੇ ਕਿਹਾ ਕਿ ਸਕੂਲ ਵਿੱਚ ਬੱਚਿਆਂ ਨੂੰ ਵਧੀਆ ਖਾਣਾ ਦਿੱਤਾ ਜਾਂਦਾ ਏ ।

-----------------------------------------------------------------

ਗੁਰਦਾਸਪੁਰ ਜ਼ਿਲ੍ਹੇ ਇਕ ਛੋਟੇ ਬੱਚੇ ਕਰਮਨ ਬੀਰ ਸਿੰਘ ਨੇ ਆਪਣੀ ਵਿਲੱਖਣ ਯਾਦਸ਼ਕਤੀ ਦਾ ਪ੍ਰਦਰਸ਼ਨ ਕਰਦਿਆਂ ਸਿਰਫ 3 ਮਿੰਟ 35 ਸਕਿੰਟ ਵਿੱਚ ਦੁਨੀਆ ਦੇ 195 ਦੇਸ਼ਾਂ ਦੇ ਨਾਮ ਬੋਲ ਕੇ ਰਿਕੋਰਡ ਕਾਇਮ ਕੀਤਾ ਏ । ਇਸ ਵਿਲੱਖਣ ਉਪਲਬਧੀ ਲਈ ਬੱਚੇ ਦਾ ਨਾਮ 'ਇੰਡੀਆ ਰਿਕਾਰਡ ਬੁੱਕ' ਵਿੱਚ ਦਰਜ ਕੀਤਾ ਗਿਆ ਏ । ਛੋਟੀ ਉਮਰ ‘ਚ ਹਾਸਿਲ ਕੀਤੀ ਇਹ ਵੱਡੀ ਉਪਲਬਧੀ ਨਾ ਸਿਰਫ਼ ਪਰਿਵਾਰ, ਬਲਕਿ ਪੂਰੇ ਗੁਰਦਾਸਪੁਰ ਜ਼ਿਲ੍ਹੇ ਲਈ ਮਾਣ ਵਾਲੀ ਗੱਲ ਏ । ਸਥਾਨਕ ਲੋਕਾਂ, ਸਮਾਜਿਕ ਸੰਸਥਾਵਾਂ ਅਤੇ ਸਿੱਖਿਆਵਿਦਾਂ ਵੱਲੋਂ ਬੱਚੇ ਦੀ ਖੁਲ੍ਹ ਕੇ ਪ੍ਰਸ਼ੰਸਾ ਕੀਤੀ ਜਾ ਰਹੀ ਏ ।

-----------------------------------------------------------------

ਖਾਨ ਵਾਲਿਆਂ ਵਸਤਾਂ ਵਿੱਚ ਵੱਧ ਰਹੀ ਮਿਲਾਵਟਖੋਰੀ ’ਤੇ ਸਖ਼ਤ ਨਕੇਲ ਕੱਸਣ ਅਤੇ ਆਮ ਲੋਕਾਂ ਨੂੰ ਸੁਰੱਖਿਅਤ, ਸਾਫ਼-ਸੁਥਰੀ ਅਤੇ ਮਿਆਰੀ ਖੁਰਾਕ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਫ਼ਰੀਦਕੋਟ ਦੇ

ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਦੀ ਅਗਵਾਈ ਹੇਠ ਜ਼ਿਲ੍ਹਾ ਫ਼ਰੀਦਕੋਟ ਵਿੱਚ 'ਫੂਡ ਸੇਫ਼ਟੀ ਆਨ ਵੀਲਜ਼' ਮੁਹਿੰਮ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਚਲਾਇਆ ਜਾ ਰਿਹਾ ਏ । ਇਸ ਮੁਹਿੰਮ ਰਾਹੀਂ ਪਿੰਡ, ਵਾਰਡ ਪੱਧਰ ਤੱਕ ਪਹੁੰਚ ਕਰਕੇ ਖੁਰਾਕ ਪਦਾਰਥਾਂ ਦੀ ਤੁਰੰਤ ਜਾਂਚ ਕਰਦਿਆਂ ਲੋਕਾਂ ਦੀ ਸਿਹਤ ਦੀ ਰਾਖੀ ਯਕੀਨੀ ਬਣਾਈ ਜਾ ਰਹੀ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਮੋਬਾਈਲ ਫੂਡ ਸੇਫ਼ਟੀ ਵੈਨ ਫਰਵਰੀ ਮਹੀਨੇ ਦੌਰਾਨ ਨਿਰਧਾਰਤ ਤਰੀਕਾਂ ਅਨੁਸਾਰ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਅਤੇ ਬਸਤੀਆਂ ਵਿੱਚ ਦੌਰਾ ਕਰੇਗੀ।

---

ਮੌਸਮ ਵਿਭਾਗ ਨੇ ਅੱਜ, ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ ਸੰਘਣੀ ਧੁੰਦ ਦੀ ਭਵਿੱਖਬਾਣੀ ਕੀਤੀ ਏ। ਓਧਰ ਰਾਸ਼ਟਰੀ ਰਾਜਧਾਨੀ ਵਿੱਚ ਘੱਟ ਦਿਖਤਾ ਕਾਰਨ ਕਈ ਉਡਾਣਾਂ ਅਤੇ ਰੇਲਗੱਡੀਆਂ ਦੀ ਆਵਾਜਾਈ ਵਿੱਚ ਵਿਘਨ ਪਿਆ । ਦਿੱਲੀ ਹਵਾਈ ਅੱਡੇ ਨੇ ਇੱਕ ਸਲਾਹ ਜਾਰੀ ਕੀਤੀ ਏ ਜਿਸ ਵਿੱਚ ਮੁਸਾਫ਼ਰਾਂ ਨੂੰ ਉਡਾਣਾਂ ਬਾਰੇ ਤਾਜ਼ਾ ਜਾਣਕਾਰੀ ਲਈ ਆਪਣੀਆਂ ਸਬੰਧਤ ਏਅਰਲਾਈਨਾਂ ਨਾਲ ਸੰਪਰਕ ਕਰਨ ਲਈ ਕਿਹਾ ਗਿਆ ਏ । ਭਾਰਤੀ ਰੇਲਵੇ ਮੁਤਾਬਿਕ , 11 ਰੇਲਗੱਡੀਆਂ ਦੋ ਘੰਟੇ ਤੋਂ ਵੱਧ

ਦੇਰੀ ਨਾਲ ਚੱਲ ਰਹੀਆਂ ਨੇ । ਮੁਸਾਫ਼ਰਾਂ  ਨੂੰ ਸਟੇਸ਼ਨ 'ਤੇ ਪਹੁੰਚਣ ਤੋਂ ਪਹਿਲਾਂ ਰੇਲਗੱਡੀਆਂ ਦੀ ਸਥਿਤੀ ਦੀ ਜਾਂਚ ਕਰਨ ਦੀ ਸਲਾਹ ਦਿੱਤੀ ਜਾਂਦੀ ਏ ।

---------------------------------------------------------------------

ਪਟਿਆਲਾ ਦੇ ਨੇਤਾਜੀ ਸੁਭਾਸ਼ ਨੈਸ਼ਨਲ ਇੰਸਟੀਚਿਊਟ ਆਫ਼ ਸਪੋਰਟਸ -NIS ਵਿਖੇ ਆਯੋਜਿਤ 7ਵੀਂ NTPC ਨੈਸ਼ਨਲ ਤੀਰਅੰਦਾਜ਼ੀ ਚੈਂਪੀਅਨਸ਼ਿਪ ਵਿਚ ਨੇਤਰਹੀਣ ਤੀਰਅੰਦਾਜ਼ਾਂ ਨੇ ਇਸ ਵੱਕਾਰੀ ਮੁਕਾਬਲੇ ਵਿੱਚ ਹਿੱਸਾ ਲਿਆ ਅਤੇ ਆਪਣੇ ਪ੍ਰਭਾਵਸ਼ਾਲੀ ਪ੍ਰਦਰਸ਼ਨ ਨਾਲ ਸਾਰਿਆਂ ਨੂੰ ਹੈਰਾਨ ਕਰ ਦਿੱਤਾ। ਦੇਸ਼ ਭਰ ਦੇ ਵੱਖ-ਵੱਖ ਸੂਬਿਆਂ ਦੇ ਨੇਤਰਹੀਣ ਐਥਲੀਟਾਂ ਨੇ ਵਿਸ਼ੇਸ਼ ਤਕਨੀਕਾਂ ਅਤੇ ਸਿਖਲਾਈ ਰਾਹੀਂ ਸ਼ਾਨਦਾਰ ਨਿਸ਼ਾਨੇਬਾਜ਼ੀ ਦਾ ਪ੍ਰਦਰਸ਼ਨ ਕੀਤਾ। ਆਡੀਓ ਸੰਕੇਤਾਂ ਅਤੇ ਕੋਚਾਂ ਦੇ ਮਾਰਗਦਰਸ਼ਨ ਨਾਲ, ਇਹ ਐਥਲੀਟ ਆਤਮ-ਵਿਸ਼ਵਾਸ ਨਾਲ ਨਿਸ਼ਾਨੇਬਾਜ਼ੀ ਕਰਕੇ ਦਰਸ਼ਕਾਂ ਅਤੇ ਹੋਰ ਐਥਲੀਟਾਂ ਨੂੰ ਪ੍ਰੇਰਿਤ ਕਰ ਰਹੇ ਨੇ । ਚੈਂਪੀਅਨਸ਼ਿਪ ਦੇ ਪ੍ਰਬੰਧਕ, ਪੰਜਾਬ ਤੀਰਅੰਦਾਜ਼ੀ ਐਸੋਸੀਏਸ਼ਨ ਦੇ ਪ੍ਰਧਾਨ ਰਵਿੰਦਰ ਕੁਮਾਰ ਬਾਲੀ ਨੇ ਕਿਹਾ ਕਿ ਇਹ ਪਹਿਲੀ ਵਾਰ ਏ ਜਦੋਂ ਇੱਕ ਨੇਤਰਹੀਣ ਵਰਗ ਨੂੰ ਰਾਸ਼ਟਰੀ ਪੱਧਰ ਦੇ

ਤੀਰਅੰਦਾਜ਼ੀ ਮੁਕਾਬਲੇ ਵਿੱਚ ਸ਼ਾਮਲ ਕੀਤਾ ਗਿਆ ਏ। ਇਸਦਾ ਉਦੇਸ਼ ਇੱਕ ਸਮਾਵੇਸ਼ੀ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨਾ ਅਤੇ ਦਿਵੀਆਂਗ ਖਿਡਾਰੀਆਂ ਲਈ ਇੱਕ ਰਾਸ਼ਟਰੀ ਮੰਚ ਪ੍ਰਦਾਨ ਕਰਨਾ ਏ।